ਮਾਝ ਮਹਲਾ ੫ ॥ ਭਏ ਕ੍ਰਿਪਾਲ ਗੋਵਿੰਦ ਗੁਸਾਈ ॥ ਮੇਘੁ ਵਰਸੈ ਸਭਨੀ ਥਾਈ ॥ ਦੀਨ ਦਇਆਲ ਸਦਾ ਕਿਰਪਾਲਾ ਠਾਢਿ ਪਾਈ ਕਰਤਾਰੇ ਜੀਉ ॥੧॥ ਅਪੁਨੇ ਜੀਅ ਜੰਤ ਪ੍ਰਤਿਪਾਰੇ ॥ ਜਿਉ ਬਾਰਿਕ ਮਾਤਾ ਸੰਮਾਰੇ ॥ ਦੁਖ ਭੰਜਨ ਸੁਖ ਸਾ ਗਰ ਸੁਆਮੀ ਦੇਤ ਸਗਲ ਆਹਾਰੇ ਜੀਉ ॥ ੨॥ ਜਲਿ ਥਲਿ ਪੂਰਿ ਰਹਿਆ ਮਿਹਰਵਾਨਾ ॥ ਸਦ ਬਲਿਹਾਰਿ ਜਾਈਐ ਕੁਰਬਾਨਾ ॥ ਰੈਣਿ ਦਿਨਸੁ ਤਿਸੁ ਸਦਾ ਧਿਆਈ ਜਿ ਖਿਨ ਮਹਿ ਸਗਲ ਉਧਾਰੇ ਜੀਉ ॥੩॥ ਰਾਖਿ ਲੀਏ ਸਗਲੇ ਪ੍ਰਭਿ ਆਪੇ ॥ ਉਤਰਿ ਗਏ ਸਭ ਸੋਗ ਸੰਤਾਪੇ ॥ ਨਾਮੁ ਜਪਤ ਮਨੁ ਤਨੁ ਹਰੀਆਵਲੁ ਪ੍ਰਭ ਨਾਨਕ ਨਦਰਿ ਨਿਹਾਰੇ ਜੀਉ ॥੪॥੨੯॥੩੬॥ {ਪੰਨਾ 105}

ਪਦਅਰਥ:- ਗੁਸਾਈ—ਗੋ-ਸਾਈਂ, ਧਰਤੀ ਦਾ ਖਸਮ। ਮੇਘੁ—ਬੱਦਲ। ਵਰਸੈ—ਵਰ੍ਹਦਾ ਹੈ। ਠਾਢਿ—ਠੰਢ। ਕਰਤਾਰੇ—ਕਰਤਾਰਿ, ਕਰਤਾਰ ਨੇ।1।

ਪ੍ਰਤਿਪਾਰੇ—ਪਾਲਦਾ ਹੈ, ਰੱਖਿਆ ਕਰਦਾ ਹੈ। ਸੰਮਾਰੇ—ਸੰਭਾਲਦੀ ਹੈ। ਸੁਖ ਸਾਗਰ—ਸੁਖਾਂ ਦਾ ਸਮੁੰਦਰ। ਆਹਾਰੇ—ਆਹਾਰ, ਖ਼ੁਰਾਕ।2।

ਜਲਿ—ਪਾਣੀ ਵਿਚ। ਥਲਿ—ਧਰਤੀ ਵਿਚ। ਸਦ—ਸਦਾ। ਰੈਣਿ—ਰਾਤ। ਜਿ ਜੇਹੜਾ (ਪ੍ਰਭੂ)। ਉਧਾਰੇ—(ਵਿਕਾਰਾਂ ਤੋਂ) ਬਚਾਂਦਾ ਹੈ।3।

ਪ੍ਰਭਿ—ਪ੍ਰਭੂ ਨੇ। ਸੰਤਾਪੇ—ਦੁਖ-ਕਲੇਸ਼। ਪ੍ਰਭ—ਹੇ ਪ੍ਰਭੂ! ਨਿਹਾਰੇ—ਨਿਹਾਰਿ, ਵੇਖ।4।

ਅਰਥ:- (ਜਿਵੇਂ) ਬੱਦਲ (ਉੱਚੇ ਨੀਵੇਂ) ਸਭ ਥਾਵਾਂ ਤੇ ਵਰਖਾ ਕਰਦਾ ਹੈ, (ਤਿਵੇਂ) ਸ੍ਰਿਸ਼ਟੀ ਦਾ ਖਸਮ ਪਰਮਾਤਮਾ (ਸਭ ਜੀਵਾਂ ਉੱਤੇ) ਦਇਆਵਾਨ ਹੁੰਦਾ ਹੈ। ਉਸ ਕਰਤਾਰ ਨੇ ਜੋ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ ਜੋ ਸਦਾ ਹੀ ਕਿਰਪਾ ਦਾ ਘਰ ਹੈ (ਸੇਵਕਾਂ ਦੇ ਹਿਰਦੇ ਵਿਚ ਨਾਮ ਦੀ ਬਰਕਤਿ ਨਾਲ) ਸ਼ਾਂਤੀ ਦੀ ਦਾਤਿ ਬਖ਼ਸ਼ੀ ਹੋਈ ਹੈ।1।

(ਹੇ ਭਾਈ!) ਜਿਵੇਂ ਮਾਂ ਆਪਣੇ ਬੱਚਿਆਂ ਦੀ ਸੰਭਾਲ ਕਰਦੀ ਹੈ, ਤਿਵੇਂ ਪਰਮਾਤਮਾ ਆਪਣੇ (ਪੈਦਾ ਕੀਤੇ) ਸਾਰੇ ਜੀਅ ਜੰਤਾਂ ਦੀ ਪਾਲਣਾ ਕਰਦਾ ਹੈ। (ਸਭ ਦੇ) ਦੁੱਖਾਂ ਦਾ ਨਾਸ ਕਰਨ ਵਾਲੇ ਤੇ ਸੁਖਾਂ ਦਾ ਸਮੁੰਦਰ ਮਾਲਕ-ਪ੍ਰਭੂ ਸਭ ਜੀਵਾਂ ਨੂੰ ਖ਼ੁਰਾਕ ਦੇਂਦਾ ਹੈ।2।

(ਹੇ ਭਾਈ!) ਮਿਹਰ ਕਰਨ ਵਾਲਾ ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਹਰ ਥਾਂ) ਵਿਆਪ ਰਿਹਾ ਹੈ, ਉਸ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ, ਕੁਰਬਾਨ ਹੋਣਾ ਚਾਹੀਦਾ ਹੈ। (ਹੇ ਭਾਈ!) ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਇਕ ਖਿਨ ਵਿਚ (ਸੰਸਾਰ-ਸਮੁੰਦਰ ਤੋਂ) ਬਚਾ ਸਕਦਾ ਹੈ, ਉਸ ਨੂੰ ਦਿਨ ਰਾਤ ਹਰ ਵੇਲੇ ਸਿਮਰਨਾ ਚਾਹੀਦਾ ਹੈ।3।

(ਜੇਹੜੇ ਜੇਹੜੇ ਵਡਭਾਗੀ ਪ੍ਰਭੂ ਦੀ ਸਰਨ ਆਏ,) ਪ੍ਰਭੂ ਨੇ ਉਹ ਸਾਰੇ ਆਪ (ਦੁੱਖ-ਕਲੇਸ਼ਾਂ ਤੋਂ) ਬਚਾ ਲਏ। ਉਹਨਾਂ ਦੇ ਸਾਰੇ ਚਿੰਤਾ-ਫ਼ਿਕਰ ਸਾਰੇ ਦੁੱਖ-ਕਲੇਸ਼ ਦੂਰ ਹੋ ਗਏ। ਪਰਮਾਤਮਾ ਦਾ ਨਾਮ ਜਪਿਆਂ ਮਨੁੱਖ ਦਾ ਮਨ ਮਨੁੱਖ ਦਾ ਸਰੀਰ (ਉੱਚੇ ਆਤਮਕ ਜੀਵਨ ਦੀ) ਹਰਿਆਵਲ (ਦਾ ਸਰੂਪ) ਬਣ ਜਾਂਦਾ ਹੈ। ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਪ੍ਰਭੂ! (ਮੇਰੇ ਉਤੇ ਭੀ) ਮਿਹਰ ਦੀ ਨਿਗਾਹ ਕਰ (ਮੈਂ ਭੀ ਤੇਰਾ ਨਾਮ ਸਿਮਰਦਾ ਰਹਾਂ)।4। 29। 36।